ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ) ਪੰਜਾਬ ਕੰਪਲੈਕਸ
ਪੰਜਾਬ ਸਕੂਲ ਸਿੱਖਿਆ ਬੋਰਡ, ਫੇਜ-8, ਐਸ.ਏ.ਐਸ. ਨਗਰ
(ਸਪੋਰਟਸ ਸਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ) (ਸਿਵਾਏ ਪਟਿਆਲਾ),
ਪੰਜਾਬ।

ਈ ਫਾਈਲ ਨੰ: 373040/261077
ਮਿਤੀ 29-09-2022

ਵਿਸ਼ਾ: ਪੰਜਾਬ ਖੇਡ ਮੇਲਾ-2022 ਸਬੰਧੀ।

ਉਪਰੋਕਤ ਵਿਸੇ ਦੇ ਸਬੰਧ ਵਿੱਚ ਇਸ ਦਫਤਰ ਦੇ ਮੀਮੋ ਨੰ: 373040 (ਈ ਫਾਈਲ) ਮਿਤੀ 24.08.2022 ਅਤੇ ਯਾਦ ਪੱਤਰ ਮਿਤੀ 19-09-2022 ਦੇ ਸਬੰਧ ਵਿੱਚ।

ਉਪਰੋਕਤ ਵਿਸੇ ਦੇ ਸਬੰਧ ਵਿੱਚ ਹਵਾਲਾ ਅਧੀਨ ਪੱਤਰਾਂ ਰਾਹੀਂ ਆਪ ਨੂੰ ਪੰਜਾਬ ਖੇਡ ਮੇਲਾ ਦੇ ਸਬੰਧ ਵਿੱਚ ਦਰਸਾਏ ਲਿੰਕ ਤੇ ਰਾਜ ਦੇ ਸਮੂਹ ਸਕੂਲਾਂ (ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਅਣ ਏਡਿਡ) ਦੇ ਖਿਡਾਰੀਆਂ/ਵਿਦਿਆਰਥੀਆਂ ਨੂੰ ਇਸ ਲਿੰਕ ਤੇ ਰਜਿਸਟਰ ਕਰਨ ਲਈ ਲਿਖਿਆ ਗਿਆ ਸੀ ਅਤੇ ਇਸ ਦੇ ਨਾਲ ਹੀ ਪੱਤਰ ਮਿਤੀ 19-09-2022 ਰਾਹੀਂ ਆਪਦੇ ਜਿਲ੍ਹੇ ਦੇ ਖੇਡ ਅਫਸਰ ਨਾਲ ਤਾਲਮੇਲ ਕਰਕੇ ਇਸ ਖੇਡ ਮੇਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸੂਚੀ ਅਤੇ ਅਵਾਰਡ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸੂਚੀ 03 ਦਿਨ ਦੇ ਅੰਦਰ ਇਸ ਦਫਤਰ ਨੂੰ ਭੇਜਣ ਲਈ ਲਿਖਿਆ ਸੀ ਪਰ ਆਪ ਵੱਲੋਂ ਇਸ ਦਫਤਰ ਦੇ ਪੱਤਰ ਨੂੰ ਅਣਗੌਲਿਆਂ ਕਰਦੇ ਹੋਏ ਲੋੜੀਂਦੀ ਸੂਚਨਾ ਨਹੀ ਭੇਜੀ।

2.0 ਆਪ ਨੂੰ ਮੁੜ ਲਿਖਿਆ ਜਾਂਦਾ ਹੈ ਕਿ ਤੁਰੰਤ ਮੰਗੀ ਸੂਚਨਾ 05 ਦਿਨ ਅੰਦਰ ਇਸ ਦਫਤਰ ਨੂੰ ਭੇਜੀ ਜਾਵੇ ਤਾਂ ਜੋ ਸਰਕਾਰ ਵੱਲੋਂ ਮੰਗੀ ਸੂਚਨਾ ਮੁਹੱਈਆ ਕਰਵਾਈ ਜਾ ਸਕੇ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ। ਇਸ ਵਿੱਚ ਕਿਸੇ ਵੀ ਕਿਸਮ ਦੀ ਦੇਰੀ/ਅਣਗਹਿਲੀ ਦੀ ਜਿੰਮੇਵਾਰੀ ਆਪ ਦੇ ਦਫਤਰ ਦੀ ਹੋਵੇਗੀ।

ਡਿਪਟੀ ਡਾਇਰੈਕਟਰ (ਫਿਜੀਕਲ ਐਜੂਕੇਸ਼ਨ)

ਪਿੱਠ ਅੰਕਣ ਨੰ: ਉਕਤ ਮਿਤੀ 29-09-2022

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ (ਸਿ-6 ਸ਼ਾਖਾ) ਨੂੰ ਉਹਨਾਂ ਦੇ ਮੀਮੋ ਨੰ: SED-EDU601/17/2022-5EDU6/422836 ਮਿਤੀ 21-09-2022 ਦੇ ਹਵਾਲੇ ਵਿੱਚ।
2. ਡਾਇਰੈਕਟਰ ਖੇਡ ਵਿਭਾਗ, ਪੰਜਾਬ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪਦੇ ਅਧੀਨ ਆਉਂਦੇ ਜਿਲ੍ਹਾ ਖੇਡ ਅਫਸਰਾਂ ਨੂੰ ਉਕਤ ਅਨੁਸਾਰ ਸੂਚੀ ਮੁਹੱਈਆ ਕਰਵਾਉਣ ਦੀ ਹਦਾਇਤ ਕਰਨ ਦੀ ਖੇਚਲ ਕੀਤੀ ਜਾਵੇ।

ਡਿਪਟੀ ਡਾਇਰੈਕਟਰ (ਫਿਜੀਕਲ ਐਜੂਕੇਸ਼ਨ)